ਮਲਾਰ ਮਹਲਾ ੧ ॥ ਦੁਖ ਮਹੁਰਾ ਮਾਰਣ ਹਰਿ ਨਾਮੁ ॥ ਸਿਲਾ ਸੰਤੋਖ ਪੀਸਣੁ ਹਥਿ ਦਾਨੁ ॥ ਨਿਤ ਨਿਤ ਲੇਹੁ ਨ ਛੀਜੈ ਦੇਹ ॥ ਅੰਤ ਕਾਲਿ ਜਮੁ ਮਾਰੈ ਠੇਹ ॥ ੧॥ ਐਸਾ ਦਾਰੂ ਖਾਹਿ ਗਵਾਰ ॥ ਜਿਤੁ ਖਾਧੈ ਤੇਰੇ ਜਾਹਿ ਵਿਕਾਰ ॥ ੧॥ ਰਹਾਉ ॥ ਰਾਜੁ ਮਾਲੁ ਜੋਬਨੁ ਸਭੁ ਛਾਂਵ ॥ ਰਥਿ ਫਿਰੰਦੈ ਦੀਸਹਿ ਥਾਵ ॥ ਦੇਹ ਨ ਨਾਉ ਨ ਹੋਵੈ ਜਾਤਿ ॥ ਓਥੈ ਦਿਹੁ ਐਥੈ ਸਭ ਰਾਤਿ ॥੨॥ ਸਾਦ ਕਰਿ ਸਮਧਾਂ ਤ੍ਰਿਸਨਾ ਘਿਉ ਤੇਲੁ ॥ ਕਾਮੁ ਕ੍ਰੋਧੁ ਅਗਨੀ ਸਿਉ ਮੇਲੁ ॥ ਹੋਮ ਜਗ ਅਰੁ ਪਾਠ ਪੁਰਾਣ ॥ ਜੋ ਤਿਸੁ ਭਾਵੈ ਸੋ ਪਰਵਾਣ ॥੩॥ ਤਪੁ ਕਾਗਦੁ ਤੇਰਾ ਨਾਮੁ ਨੀਸਾਨੁ ॥ ਜਿਨ ਕਉ ਲਿਖਿਆ ਏਹੁ ਨਿਧਾਨੁ ॥ ਸੇ ਧਨਵੰਤ ਦਿਸਹਿ ਘਰਿ ਜਾਇ ॥ ਨਾਨਕ ਜਨਨੀ ਧੰਨੀ ਮਾਇ ॥੪॥੩॥੮॥ {ਪੰਨਾ 1257}

ਨੋਟ:- ਸੰਖੀਆ ਜ਼ਹਰ ਹੈ। ਪਰ ਕਈ ਕਿਸਮ ਦੀਆਂ ਬੂਟੀਆਂ ਨਾਲ ਰਲਾ ਕੇ ਅੱਗ ਵਿਚ ਇਸ ਨੂੰ ਮਾਰਿਆ ਜਾਂਦਾ ਹੈ, ਇਸ ਦਾ ਕੁਸ਼ਤਾ ਕੀਤਾ ਜਾਂਦਾ ਹੈ। ਉਹ ਕੁਸ਼ਤਾ, ਉਹ ਮਾਰਿਆ ਹੋਇਆ ਸੰਖੀਆ ਇਕ ਵਧੀਆ ਦਵਾਈ ਬਣ ਜਾਂਦੀ ਹੈ, ਜੋ ਕਈ ਰੋਗਾਂ ਨੂੰ ਦੂਰ ਕਰ ਸਕਦਾ ਹੈ। ਦੁਨੀਆ ਦੇ ਦੁੱਖ-ਕਲੇਸ਼ ਮਨੁੱਖ ਉਤੇ ਦਬਾਉ ਪਾ ਕੇ ਉਸ ਦਾ ਆਤਮਕ ਜੀਵਨ ਮਾਰ ਮੁਕਾਂਦੇ ਹਨ। ਪਰ ਇਹੀ ਦੁੱਖ ਦਵਾਈ ਭੀ ਬਣ ਸਕਦੇ ਹਨ। ਇਸ ਸ਼ਬਦ ਵਿਚ ਉਹ ਆਤਮਕ ਵਿਧੀ ਦੱਸੀ ਹੋਈ ਹੈ।

ਪਦ ਅਰਥ:- ਮਾਰਣ (ਮਹੁਰੇ ਨੂੰ ਕੁਸ਼ਤਾ ਕਰਨ ਵਾਸਤੇ ਜੜ੍ਹੀ ਬੂਟੀਆਂ ਆਦਿਕ) ਮਸਾਲੇ। ਹਥਿ—ਹੱਥ ਵਿਚ। ਪੀਸਣੁ—(ਕੁਸ਼ਤਾ ਪੀਹ ਕੇ ਬਾਰੀਕ ਕਰਨ ਲਈ ਪੱਥਰ ਦਾ) ਵੱਟਾ। ਨਿਤ ਨਿਤ—ਸਦਾ ਹੀ। ਲੇਹੁ—(ਇਹ ਦਵਾਈ) ਖਾਵੋ। ਦੇਹ—ਸਰੀਰ। ਨ ਛੀਜੈ—ਛਿੱਜਦਾ ਨਹੀਂ। ਨ ਛੀਜੈ ਦੇਹ—ਮਨੁੱਖ ਸਰੀਰ ਛਿੱਜਦਾ ਨਹੀਂ, ਮਨੁੱਖਾ ਜਨਮ ਤੋਂ ਹੇਠ ਵਲ ਨਹੀਂ ਜਾਈਦਾ। ਅੰਤ ਕਾਲਿ—ਅਖ਼ੀਰ ਵੇਲੇ। (ਨੋਟ:- 'ਨ ਛੀਜੈ ਦੇਹ' ਦਾ ਪਹਿਲਾ 'ਨ' ਅਗਲੀ ਤੁਕ ਦੇ ਨਾਲ ਭੀ ਅਰਥ ਵੇਲੇ ਵਰਤਣਾ ਹੈ। ਇਸ ਨੂੰ 'ਦੇਹਲੀ ਦੀਪਕ' ਅਲੰਕਾਰ ਸਮਝੋ)। ਮਾਰੈ ਠੇਹ—ਪਟਕ ਕੇ ਮਾਰਦਾ ਹੈ।1।

ਗਵਾਰ—ਹੇ ਮੂਰਖ! ਜਿਤੁ ਖਾਧੈ—ਜਿਸ (ਦਾਰੂ) ਦੇ ਖਾਧਿਆਂ। ਵਿਕਾਰ—ਮੰਦੇ ਕਰਮ।1। ਰਹਾਉ।

ਸਭੁ—ਇਹ ਸਾਰਾ (ਅਡੰਬਰ)। ਛਾਂਵ—ਪਰਛਾਵਾਂ। ਰਥਿ ਫਿਰੰਦੈ—ਰਥ ਦੇ ਫਿਰਿਆਂ, ਜਦੋਂ ਸੂਰਜ ਦਾ ਰਥ ਫਿਰਦਾ ਹੈ ਜਦੋਂ ਸੂਰਜ ਚੜ੍ਹਦਾ ਹੈ। ਥਾਵ—(ਲਫ਼ਜ਼ 'ਥਾਵ' ਲਫ਼ਜ਼ 'ਥਾਉ' ਤੋਂ ਬਹੁ-ਵਚਨ ਹੈ) ਅਸਲੀ ਥਾਂ ਟਿਕਾਣੇ। ਦੇਹ—ਸਰੀਰ। ਨਾਉ—ਨਾਮਣਾ, ਵਡਿਆਈ। ਓਥੈ—ਪ੍ਰਭੂ ਦੀ ਹਜ਼ੂਰੀ ਵਿਚ। ਐਥੈ—ਇਸ ਲੋਕ ਵਿਚ। ਰਾਤਿ—ਅਗਿਆਨਤਾ ਦਾ ਹਨੇਰਾ। ਦਿਹੁ—ਦਿਨ, ਗਿਆਨ ਦਾ ਚਾਨਣ।2।

ਸਾਦ—(ਦੁਨੀਆ ਦੇ ਪਦਾਰਥਾਂ ਦੇ) ਸੁਆਦ। ਸਮਧਾਂ—ਹਵਨ ਵਿਚ ਵਰਤਿਆ ਜਾਣ ਵਾਲਾ ਬਾਲਣ। ਤ੍ਰਿਸਨਾ—ਮਾਇਆ ਦਾ ਲਾਲਚ। ਅਰੁ—ਅਤੇ। ਤਿਸੁ—ਉਸ ਪਰਮਾਤਮਾ ਨੂੰ। ਭਾਵੈ—ਚੰਗਾ ਲਗਦਾ ਹੈ। ਪਰਵਾਣ—ਕਬੂਲ ਕਰਨਾ, ਮੰਨ ਲੈਣਾ।3।

ਤਪੁ—ਉੱਦਮ ਆਦਿਕ। ਨੀਸਾਨੁ—ਪਰਵਾਨਾ, ਰਾਹਦਾਰੀ। ਨਿਧਾਨੁ—ਖ਼ਜ਼ਾਨਾ। ਸੇ—ਉਹ ਬੰਦੇ। ਦਿਸਹਿ—ਦਿੱਸਦੇ ਹਨ। ਘਰਿ ਜਾਇ—ਘਰ ਵਿਚ ਜਾ ਕੇ, ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚ ਕੇ। ਜਨਨੀ—ਮਾਂ, ਜੰਮਣ ਵਾਲੀ। ਧੰਨੀ—ਭਾਗਾਂ ਵਾਲੀ। ਮਾਇ—ਮਾਂ।4।

ਅਰਥ:- (ਦੁਨੀਆ ਦੇ) ਦੁੱਖ-ਕਲੇਸ਼ (ਇਨਸਾਨੀ ਜੀਵਨ ਲਈ) ਜ਼ਹਰ ਹਨ, (ਪਰ, ਹੇ ਭਾਈ!) ਜੇ ਇਸ ਜ਼ਹਰ ਦਾ ਕੁਸ਼ਤਾ ਕਰਨ ਲਈ) ਪਰਮਾਤਮਾ ਦਾ ਨਾਮ ਤੂੰ (ਜੜ੍ਹੀ ਬੂਟੀਆਂ ਆਦਿਕ) ਮਸਾਲੇ (ਦੇ ਥਾਂ) ਵਰਤੇਂ, (ਉਸ ਕੁਸ਼ਤੇ ਨੂੰ ਬਾਰੀਕ ਕਰਨ ਲਈ) ਸੰਤੋਖ ਦੀ ਸਿਲ ਬਣਾਏਂ, ਅਤੇ (ਲੋੜਵੰਦਿਆਂ ਦੀ ਸਹਾਇਤਾ ਕਰਨ ਲਈ) ਦਾਨ ਨੂੰ ਆਪਣੇ ਹੱਥ ਵਿਚ ਪੀਹਣ ਵਾਲਾ ਪੱਥਰ ਦਾ ਵੱਟਾ ਬਣਾਏਂ। (ਹੇ ਭਾਈ! ਇਹ ਤਿਆਰ ਹੋਇਆ ਕੁਸ਼ਤਾ) ਜੇ ਤੂੰ ਸਦਾ

ਖਾਂਦਾ ਰਹੇਂ, ਤਾਂ ਇਸ ਤਰ੍ਹਾਂ ਮਨੁੱਖਾ ਜਨਮ ਤੋਂ ਹੇਠ ਵਲ ਦੀਆਂ ਜੂਨਾਂ ਵਿਚ ਨਹੀਂ ਜਾਈਦਾ, ਨਾਹ ਹੀ ਅੰਤ ਵੇਲੇ ਮੌਤ (ਦਾ ਡਰ) ਪਟਕ ਕੇ ਮਾਰਦਾ ਹੈ।1।

ਹੇ ਮੂਰਖ ਜੀਵ! ਅਜੇਹੀ ਦਵਾਈ ਖਾਹ, ਜਿਸ ਦੇ ਖਾਧਿਆਂ ਤੇਰੇ ਮੰਦ ਕਰਮ (ਸਾਰੇ) ਨਾਸ ਹੋ ਜਾਣ।1। ਰਹਾਉ।

(ਹੇ ਗਵਾਰ ਜੀਵ!) ਦੁਨੀਆ ਦਾ ਰਾਜ ਧਨ-ਪਦਾਰਥ ਤੇ ਜੁਆਨੀ (ਜਿਨ੍ਹਾਂ ਦੇ ਨਸ਼ੇ ਨੇ ਤੇਰੀਆਂ ਅੱਖਾਂ ਅੱਗੇ ਹਨੇਰਾ ਲਿਆਂਦਾ ਹੋਇਆ ਹੈ) ਇਹ ਸਭ ਕੁਝ ਅਸਲੀਅਤ ਦੇ ਪਰਛਾਵੇਂ ਹਨ, ਜਦੋਂ ਸੂਰਜ ਚੜ੍ਹਦਾ ਹੈ ਤਾਂ (ਹਨੇਰਾ ਦੂਰ ਹੋ ਕੇ) ਅਸਲੀ ਥਾਂ (ਪ੍ਰਤੱਖ) ਦਿੱਸ ਪੈਂਦੇ ਹਨ। (ਤੂੰ ਜੁਆਨੀ ਦਾ, ਨਾਮਣੇ ਦਾ, ਉੱਚੀ ਜਾਤਿ ਦਾ ਮਾਣ ਕਰਦਾ ਹੈਂ, ਪ੍ਰਭੂ ਦੇ ਦਰ ਤੇ) ਨਾਹ ਸਰੀਰ, ਨਾਹ ਨਾਮਣਾ, ਨਾਹ ਉੱਚੀ ਜਾਤਿ ਕੋਈ ਭੀ ਕਬੂਲ ਨਹੀਂ ਹੈ, ਕਿਉਂਕਿ ਉਸ ਦੀ ਹਜ਼ੂਰੀ ਵਿਚ (ਗਿਆਨ ਦਾ) ਦਿਨ ਚੜ੍ਹਿਆ ਰਹਿੰਦਾ ਹੈ, ਤੇ ਇਥੇ ਦੁਨੀਆ ਵਿਚ (ਮਾਇਆ ਦੇ ਮੋਹ ਦੀ) ਰਾਤ ਪਈ ਰਹਿੰਦੀ ਹੈ।2।

(ਹੇ ਗਵਾਰ ਜੀਵ!) ਦੁਨੀਆ ਦੇ ਪਦਾਰਥਾਂ ਦੇ ਸੁਆਦਾਂ ਨੂੰ ਹਵਨ ਦੀ ਲੱਕੜੀ ਬਣਾ, ਮਾਇਆ ਦੀ ਤ੍ਰਿਸ਼ਨਾ ਨੂੰ (ਹਵਨ ਵਾਸਤੇ) ਘਿਉ ਤੇ ਤੇਲ ਬਣਾ; ਕਾਮ ਤੇ ਕ੍ਰੋਧ ਨੂੰ ਅੱਗ ਬਣਾ, ਇਹਨਾਂ ਸਭਨਾਂ ਨੂੰ ਇਕੱਠਾ ਕਰ (ਤੇ ਬਾਲ ਕੇ ਹਵਨ ਕਰ ਦੇ)। ਜੋ ਕੁਝ ਪਰਮਾਤਮਾ ਨੂੰ ਭਾਉਂਦਾ ਹੈ ਉਸ ਨੂੰ ਸਿਰ-ਮੱਥੇ ਤੇ ਮੰਨਣਾ—ਇਹ ਹੈ ਹਵਨ, ਇਹੀ ਹੈ ਜੱਗ, ਇਹੀ ਹੈ ਪੁਰਾਣ ਆਦਿਕਾਂ ਦੇ ਪਾਠ।3।

ਹੇ ਪ੍ਰਭੂ! (ਤੇਰੇ ਚਰਨਾਂ ਵਿਚ ਜੁੜਨ ਲਈ ਉੱਦਮ ਆਦਿਕ) ਤਪ (ਜੀਵ ਦੀ ਕਰਣੀ-ਰੂਪ) ਕਾਗ਼ਜ਼ ਹੈ, ਤੇਰੇ ਨਾਮ ਦਾ ਸਿਮਰਨ ਉਸ ਕਾਗ਼ਜ਼ ਉਤੇ ਲਿਖੀ ਰਾਹਦਾਰੀ ਹੈ। ਇਹ ਖ਼ਜ਼ਾਨਾ, ਇਹ ਲਿਖਿਆ ਹੋਇਆ ਪਰਵਾਨਾ ਜਿਸ ਜਿਸ ਬੰਦੇ ਨੂੰ ਮਿਲ ਜਾਂਦਾ ਹੈ ਉਹ ਬੰਦੇ ਪ੍ਰਭੂ ਦੇ ਦਰ ਤੇ ਪਹੁੰਚ ਕੇ ਧਨਾਢ ਦਿੱਸਦੇ ਹਨ। ਹੇ ਨਾਨਕ! ਅਜੇਹੇ ਬੰਦੇ ਦੀ ਜੰਮਣ ਵਾਲੀ ਮਾਂ (ਬੜੇ) ਭਾਗਾਂ ਵਾਲੀ ਹੈ।4।3।8।